# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 28-09-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਲੋਕਾਂ ਨੂੰ ਅਪੀਲ ਕੀਤੀ ਏ ਕਿ ਉਹ ਵੋਕਲ ਫਾਰ ਲੋਕਲ ਦੇ ਮੰਤਰ ਨੂੰ ਅਪਣਾਉਂਦੇ ਹੋਏ ਆਉਣ ਵਾਲੇ ਤਿਉਹਾਰਾਂ ਨੂੰ ਸਵਦੇਸ਼ੀ ਉਤਪਾਦਾਂ ਨਾਲ ਮਨਾਉਣ। ਆਕਾਸ਼ਵਾਣੀ 'ਤੇ ਆਪਣੇ ਮਨ ਕੀ ਬਾਤ ਪ੍ਰੋਗਰਾਮ ਵਿਚ ਵਿਚਾਰ ਸਾਂਝੇ ਕਰਦੇ ਹੋਏ ਸ਼੍ਰੀ ਮੋਦੀ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿਚ ਇਕ ਤੋਂ ਬਾਅਦ ਇਕ ਤਿਉਹਾਰ ਆ ਰਹੇ ਨੇ ਤੇ ਜੀ.ਐਸ.ਟੀ. ਬਚਤ ਉਤਸਵ ਵੀ ਚੱਲ ਰਿਹਾ ਏ। ਉਨ੍ਹਾਂ ਲੋਕਾਂ ਨੂੰ ਦੇਸ਼ ਵਿਚ ਪੈਦਾ ਹੋਣ ਵਾਲੇ ਉਤਪਾਦਾਂ ਨੂੰ ਖਰੀਦਣ ਦਾ ਸੱਦਾ ਦਿੱਤਾ। Byte

ਪ੍ਰਧਾਨ ਮੰਤਰੀ ਨੇ ਕਿਹਾ ਕਿ ਮਨ ਕੀ ਬਾਤ ਦਾ ਇਹ 126ਵਾਂ ਐਪੀਸੋਡ ਵਿਸ਼ੇਸ਼ ਮਹੱਤਵ ਰੱਖਦਾ ਏ ਕਿਉਂਕਿ ਅੱਜ ਆਜ਼ਾਦੀ ਘੁਲਾਟੀਏ ਸ਼ਹੀਦ ਭਗਤ ਸਿੰਘ ਤੇ ਗਾਇਕਾ ਲਤਾ ਮੰਗੇਸ਼ਕਰ ਦਾ ਜਨਮ ਦਿਨ ਏ। ਉਨ੍ਹਾਂ ਭਗਤ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਅਮਰ ਸ਼ਹੀਦ ਹਰ ਭਾਰਤੀ, ਖਾਸ ਕਰਕੇ ਦੇਸ਼ ਦੇ ਨੌਜਵਾਨਾਂ ਲਈ ਪ੍ਰੇਰਨਾ ਸਰੋਤ ਏ।

Byte

2 ਅਕਤੂਬਰ ਨੂੰ ਮਨਾਈ ਜਾ ਰਹੀ ਗਾਂਧੀ ਜਯੰਤੀ ਬਾਰੇ ਉਹਨਾਂ ਕਿਹਾ ਕਿ ਮਹਾਤਮਾ ਗਾਂਧੀ ਨੇ ਹਮੇਸ਼ਾ ਸਵਦੇਸ਼ੀ ਨੂੰ ਅਪਣਾਉਣ 'ਤੇ ਜ਼ੋਰ ਦਿੱਤਾ ਸੀ, ਤੇ ਖਾਦੀ ਉਨ੍ਹਾਂ ਵਿੱਚੋਂ ਸਭ ਤੋਂ ਪ੍ਰਮੁੱਖ ਸੀ । ਉਹਨਾਂ ਕਿਹਾ ਕਿ ਮਹਾਰਿਸ਼ੀ ਵਾਲਮੀਕਿ ਜਯੰਤੀ 7 ਅਕਤੂਬਰ ਨੂੰ ਮਨਾਈ ਜਾਵੇਗੀ । ਪ੍ਰਧਾਨ ਮੰਤਰੀ ਨੇ ਮਹਾਰਿਸ਼ੀ ਵਾਲਮੀਕਿ ਦੀ ਸ਼ਲਾਘਾ ਕੀਤੀ ਕਿ ਉਨ੍ਹਾਂ ਲੋਕਾਂ ਨੂੰ ਭਗਵਾਨ ਰਾਮ ਦੀਆਂ ਅਵਤਾਰ ਕਥਾਵਾਂ ਨਾਲ ਜਾਣੂ ਕਰਵਾਇਆ ਤੇ ਮਨੁੱਖਤਾ ਨੂੰ ਰਾਮਾਇਣ ਦੇ ਮਹਾਂਕਾਵਿ ਨਾਲ ਜਾਣੂ ਕਰਵਾਇਆ । ਪ੍ਰਧਾਨ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਦੇਸ਼ ਆਉਣ ਵਾਲੇ ਦਿਨਾਂ ਵਿਚ ਵਿਜੇਦਸ਼ਮੀ ਦੁਸਹਿਰਾ ਵੀ ਮਨਾਏਗਾ। ਉਨ੍ਹਾਂ ਕਿਹਾ ਕਿ ਇਹ ਵਿਜੇਦਸ਼ਮੀ ਇਕ ਹੋਰ ਕਾਰਨ ਕਰਕੇ ਵੀ ਖਾਸ ਏ । ਇਹ ਦਿਨ ਰਾਸ਼ਟਰੀ ਸਵੈ ਸੇਵਕ ਸੰਘ ਦੀ ਸਥਾਪਨਾ ਦੇ 100 ਸਾਲ ਪੂਰੇ ਹੋਣ ਦਾ ਦਿਨ ਏ ।

-----------------------------------------------------------

ਅੱਜ ਦੇਸ਼ ਕ੍ਰਾਂਤੀਕਾਰੀ ਆਜ਼ਾਦੀ ਘੁਲਾਟੀਏ ਭਗਤ ਸਿੰਘ ਨੂੰ ਉਨ੍ਹਾਂ ਦੇ 118ਵੇਂ ਜਨਮ ਦਿਵਸ 'ਤੇ ਸ਼ਰਧਾਂਜਲੀ ਭੇਟ ਕਰ ਰਿਹਾ ਏ । 1907 ਵਿੱਚ ਅੱਜ ਦੇ ਦਿਨ ਭਗਤ ਸਿੰਘ ਦਾ ਜਨਮ ਪੰਜਾਬ ਦੇ

ਲਾਇਲਪੁਰ ਜ਼ਿਲ੍ਹੇ ਦੇ ਪਿੰਡ ਬੰਗਾ ਵਿਚ ਹੋਇਆ ਸੀ, ਜੋ ਹੁਣ ਪਾਕਿਸਤਾਨ ਵਿਚ ਏ। ਹੋਰ ਵੇਰਵੇ ਨਾਲ ਇਕ ਰਿਪੋਰਟ..

------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਵਿਚ ਹਾਕੀ ਦੀ ਪੁਰਾਤਨ ਸ਼ਾਨ ਬਹਾਲ ਕਰਨ ਦਾ ਪ੍ਰਣ ਲਿਆ ਏ। ਜਲੰਧਰ ਵਿਖੇ ਪੰਜਾਬ ਹਾਕੀ ਲੀਗ 2025 ਦੇ ਫਾਈਨਲ ਮੈਚ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਬਹੁਤ ਮਾਣ ਤੇ ਸੰਤੁਸਟੀ ਦੀ ਗੱਲ ਏ ਕਿ ਪਹਿਲੀ ਜੂਨੀਅਰ ਹਾਕੀ ਲੀਗ ਪੰਜਾਬ ਹਾਕੀ ਤੇ ਰਾਊਂਡ ਗਲਾਸ ਅਕਾਦਮੀ ਦੁਆਰਾ ਸੁਰੂ ਕੀਤੀ ਜਾ ਰਹੀ ਏ। ਉਨਾਂ ਕਿਹਾ ਕਿ ਇਹ ਹਾਕੀ ਦੇ ਖੇਤਰ ਵਿਚ ਹੁਣ ਤੱਕ ਦੀ ਸਭ ਤੋਂ ਵੱਧ ਇਨਾਮੀ ਰਾਸ਼ੀ ਵਾਲੀ ਲੀਗ ਏ। ਉਹਨਾਂ ਕਿਹਾ ਕਿ ਇਹ ਲੀਗ ਮੋਹਾਲੀ ਤੋਂ ਸ਼ੁਰੂ ਕੀਤੀ ਗਈ ਸੀ, ਜਿਸ ਦੇ ਫਾਈਨਲ ਜਲੰਧਰ ਵਿਚ ਖੇਡੇ ਜਾ ਰਹੇ ਨੇ। ਮੁੱਖ ਮੰਤਰੀ ਨੇ ਕਿਹਾ ਕਿ ਸੀਨੀਅਰ ਖਿਡਾਰੀਆਂ ਲਈ ਤਾਂ ਵੱਖ-ਵੱਖ ਲੀਗ ਮੈਚ ਕਰਵਾਏ ਜਾਂਦੇ ਨੇ, ਪਰ ਇਹ ਦੇਸ਼ ਵਿਚ ਸ਼ੁਰੂ ਕੀਤੀ ਗਈ ਪਹਿਲੀ ਜੂਨੀਅਰ ਲੀਗ ਏ। ਉਨਾਂ ਕਿਹਾ ਕਿ ਇਹ ਇੱਕ ਯਾਦਗਾਰੀ ਮੌਕਾ ਏ ਕਿਉਂਕਿ ਇੱਥੇ ਸੁਰਜੀਤ ਹਾਕੀ ਸਟੇਡੀਅਮ ਵਿਚ

ਪੰਜਾਬ ਦੇ ਮਹਾਨ ਹਾਕੀ ਖਿਡਾਰੀ, ਜਿਨਾਂ ਦੇਸ ਦਾ ਨਾਮ ਰੌਸਨ ਕੀਤਾ ਹੈ, ਇਕੱਠੇ ਹੋਏ ਨੇ।

-----------------------------------------------------------

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਸਥਾਨਕ ਸਰਕਾਰਾਂ ਵਿਭਾਗ ਨੂੰ ਇਹ ਯਕੀਨੀ ਬਨਾਉਣ ਲਈ ਕਿਹਾ ਏ ਕਿ ਸੀਵਰਮੈਨ ਤੇ ਸਫਾਈ ਸੇਵਕਾਂ ਦੀ ਕੀਤੀ ਜਾਣ ਵਾਲੀ ਕੋਈ ਵੀ ਨਵੀਂ ਭਰਤੀ ਰੈਗੂਲਰ ਆਧਾਰ ‘ਤੇ ਕੀਤੀ ਜਾਵੇ। ਉਨਾਂ ਕਿਹਾ ਕਿ ਇੰਨਾਂ ਕਰਮਚਾਰੀਆਂ ਨੂੰ ਕਈ ਗੰਭੀਰ ਸਮੱਸਿਆਵਾਂ ਨਾਲ ਜੂਝਣਾ ਪੈਂਦਾ ਏ ਤੇ ਇੰਨਾਂ ਵਿਚੋਂ ਜਿਆਦਾਤਰ ਕੋਲ ਰੋਜਗਾਰ ਦੇ ਹੋਰ ਬਦਲ ਵੀ ਬਹੁਤ ਘੱਟ ਹੁੰਦੇ ਨੇ। ਚੰਡੀਗੜ੍ਹ ਵਿਖੇ ਸਥਾਨਕ ਸਰਕਾਰਾਂ ਵਿਭਾਗ ਦੀਆਂ ਮੁਲਾਜਮ ਜਥੇਬੰਦੀਆਂ ਪੰਜਾਬ ਸਫਾਈ ਮਜਦੂਰ ਫੈਡਰੇਸ਼ਨ ਤੇ ਪੰਜਾਬ ਨਗਰ ਪਾਲਿਕਾ ਕਰਮਚਾਰੀ ਸੰਗਠਨ ਨਾਲ ਮੀਟਿੰਗਾਂ ਦੌਰਾਨ ਵਿੱਤ ਮੰਤਰੀ ਨੇ ਦੋਵਾਂ ਜਥੇਬੰਦੀਆਂ ਨਾਲ ਉਨਾਂ ਦੀਆਂ ਮੰਗਾਂ ਤੇ ਮੁੱਦਿਆਂ ਬਾਰੇ ਵੀ ਵਿਸਥਾਰ ਵਿੱਚ ਚਰਚਾ ਕੀਤੀ। ਉਹਨਾਂ ਵਿਭਾਗ ਨੂੰ ਨਿਰਦੇਸ਼ ਦਿੱਤੇ ਕਿ ਇੰਨਾਂ ਮੁਲਾਜਮਾਂ ਦੀਆਂ ਮੰਗਾਂ ਤੇ ਪ੍ਰੇਸ਼ਾਨੀਆਂ ਨੂੰ ਹੱਲ ਕਰਨ ਲਈ ਰਿਪੋਰਟ ਬਣਾ ਕੇ ਕੈਬਨਿਟ ਸਬ-ਕਮੇਟੀ ਅੱਗੇ ਪੇਸ਼ ਕਰੇ ਤਾਂ ਜੋ ਇੰਨਾਂ ਨੂੰ ਜਲਦੀ ਤੋਂ ਜਲਦੀ ਹੱਲ ਕੀਤਾ ਜਾ ਸਕੇ।

------------------------------------------------------------------

ਏਸ਼ੀਆ ਕੱਪ twenty-20 ਕ੍ਰਿਕਟ ਦੇ ਫਾਈਨਲ ਵਿੱਚ, ਅੱਜ ਭਾਰਤ ਦਾ ਮੁਕਾਬਲਾ ਪਾਕਿਸਤਾਨ ਨਾਲ ਹੋਵੇਗਾ । ਇਹ ਮੈਚ ਭਾਰਤੀ ਸਮੇਂ ਅਨੁਸਾਰ ਰਾਤ 8 ਵਜੇ ਦੁਬਈ 'ਚ ਖੇਡਿਆ ਜਾਵੇਗਾ। ਏਸ਼ੀਆ ਕੱਪ ਦੇ 41 ਸਾਲਾਂ ਦੇ ਇਤਿਹਾਸ ਵਿੱਚ ਇਹ ਪਹਿਲਾ ਮੌਕਾ ਹੋਵੇਗਾ, ਜਦੋਂ ਦੋਵੇਂ ਟੀਮਾਂ ਫਾਈਨਲ ਖੇਡਣਗੀਆਂ। ਭਾਰਤ ਹੁਣ ਤੱਕ 8 ਵਾਰ ਏਸ਼ੀਆ ਕੱਪ ਦਾ ਖਿਤਾਬ ਆਪਣੇ ਨਾਂ ਕਰ ਚੁੱਕਾ ਏ। ਇਸ ਵਾਰ ਦੇ ਟੂਰਨਾਮੈਂਟ ਵਿੱਚ, ਦੋਵੇਂ ਟੀਮਾਂ ਅੱਜ ਤੀਜੀ ਵਾਰ ਆਹਮੋ-ਸਾਹਮਣੇ ਹੋਣਗੀਆਂ।